# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-01-2025**

ਅੱਜ ਰਾਸ਼ਟਰੀ ਯੁਵਾ ਦਿਵਸ ਏ। ਇਹ ਦਿਨ ਹਰ ਸਾਲ 12 ਜਨਵਰੀ ਨੂੰ ਮਹਾਨ ਅਧਿਆਤਮਕ ਆਗੂ, ਦਾਰਸ਼ਨਿਕ ਅਤੇ ਚਿੰਤਕ ਸਵਾਮੀ ਵਿਵੇਕਾਨੰਦ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਓਹਨਾਂ ਦਾ ਪ੍ਰੇਰਨਾਦਾਇਕ ਜੀਵਨ ਅਤੇ ਸ਼ਕਤੀਕਰਨ ਸੰਦੇਸ਼, ਨੌਜਵਾਨਾਂ ਨੂੰ ਆਪਣੇ ਸੁਪਨਿਆਂ ਨੂੰ ਹੁਲਾਰਾ ਦੇਣ, ਆਪਣੀਆਂ ਊਰਜਾਵਾਂ ਨੂੰ ਉਜਾਗਰ ਕਰਨ, ਅਤੇ ਸੁਆਮੀ ਵਿਵੇਕਾਨੰਦ ਵੱਲੋਂ ਸੋਚੇ ਗਏ ਆਦਰਸ਼ਾਂ ਦੇ ਯੋਗ ਭਵਿੱਖ ਨੂੰ ਨੁਹਾਰ ਦੇਣ ਦੀ ਤਾਕੀਦ ਕਰਦਾ ਏ। ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਸਵਾਮੀ ਵਿਵੇਕਾਨੰਦ ਨੂੰ ਉਨ੍ਹਾਂ ਦੀ ਜਨਮ ਵਰ੍ਹੇ ਗੰਢ'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸਵਾਮੀ ਵਿਵੇਕਾਨੰਦ ਨੇ ਦੇਸ਼ ਦੇ ਮਹਾਨ ਅਧਿਆਤਮਕ ਸੰਦੇਸ਼ ਨੂੰ ਪੱਛਮੀ ਦੁਨੀਆ ਤੱਕ ਪਹੁੰਚਾਇਆ

ਅਤੇ ਭਾਰਤ ਦੇ ਲੋਕਾਂ ਵਿੱਚ ਇੱਕ ਨਵਾਂ ਆਤਮ-ਵਿਸ਼ਵਾਸ ਭਰਿਆ। ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਕਿ ਸਵਾਮੀ ਵਿਵੇਕਾਨੰਦ ਦਾ ਵਿਰਸਾ ਅੱਗੇ ਵਧਣਾ ਜਾਰੀ ਰਹੇ ਅਤੇ ਦੁਨੀਆ ਭਰ ਦੇ ਅਣਗਿਣਤ ਲੋਕਾਂ ਨੂੰ ਪ੍ਰੇਰਿਤ ਕਰੇ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ, ਭਾਰਤ ਦੇ ਅਧਿਆਤਮਿਕ ਗਿਆਨ ਦੀ ਇੱਕ ਰੋਸ਼ਨੀ, ਸਵਾਮੀ ਵਿਵੇਕਾਨੰਦ ਦਾ 1893 ਦਾ ਸ਼ਿਕਾਗੋ ਭਾਸ਼ਣ ਇਸ ਧਰਤੀ ਦੀਆਂ ਸਮਾਵੇਸ਼ੀ ਕਦਰਾਂ ਕੀਮਤਾਂ ਨੂੰ ਦਰਸਾਉਂਦਾ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ, ਨੌਜਵਾਨਾਂ ਲਈ ਇੱਕ ਸਦੀਵੀ ਪ੍ਰੇਰਨਾ, ਸਵਾਮੀ ਵਿਵੇਕਾਨੰਦ ਨੌਜਵਾਨਾਂ ਦੇ ਮਨਾਂ ਵਿੱਚ ਜਨੂੰਨ ਅਤੇ ਉਦੇਸ਼ ਨੂੰ ਜਗਾਉਂਦੇ ਰਹਿੰਦੇ ਨੇ. ਉਨ੍ਹਾਂ ਕਿਹਾ ਕਿ, ਸਰਕਾਰ ਮਜ਼ਬੂਤ ਅਤੇ ਵਿਕਸਤ ਭਾਰਤ ਦੀ ਉਨ੍ਹਾਂ ਦੀ ਦ੍ਰਿਸ਼ਟੀ ਨੂੰ ਪੂਰਾ ਕਰਨ ਲਈ ਵਚਨਬੱਧ ਏ।

--------------------------------------------------

ਰਾਸ਼ਟਰੀ ਯੁਵਾ ਦਿਵਸ ਦੇ ਮੌਕੇ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਵੀਂ ਦਿੱਲੀ ਵਿੱਚ ਵਿਕਸਿਤ ਭਾਰਤ ਯੰਗ ਲੀਡਰਸ ਡਾਇਲਾਗ 2025 ਵਿੱਚ ਹਿੱਸਾ ਲੈ ਰਹੇ ਨੇ. ਸ੍ਰੀ ਮੋਦੀ ਨੇ ਇੱਕ ਨੁਮਾਇਸ਼ ਦਾ ਦੌਰਾ ਕੀਤਾ ਅਤੇ

ਨੌਜਵਾਨ ਆਗੂਆਂ ਨਾਲ ਗੱਲਬਾਤ ਕੀਤੀ। ਇਹ ਨੌਜੁਆਨ ਪ੍ਰਧਾਨ ਮੰਤਰੀ ਨੂੰ ਵਿਕਸਿਤ ਭਾਰਤ ਲਈ ਆਪਣੇ ਦ੍ਰਿਸ਼ਟੀਕੋਣ 'ਤੇ ਪੇਸ਼ਕਾਰੀਆਂ ਦਿਖਾ ਰਹੇ ਨੇ. ਇਹ ਪੇਸ਼ਕਾਰੀਆਂ ਭਾਰਤ ਦੀਆਂ ਕੁਝ ਸਭ ਤੋਂ ਵੱਡੀਆਂ ਚੁਣੌਤੀਆਂ ਨੂੰ ਹੱਲ ਕਰਨ ਲਈ ਨਿਵੇਕਲੇ ਵਿਚਾਰਾਂ ਅਤੇ ਹੱਲਾਂ ਨੂੰ ਦਰਸਾਉਂਦੀਆਂ ਨੇ. ਸ਼੍ਰੀ ਮੋਦੀ ਦੇਸ਼ ਦੇ ਭਵਿੱਖ ਦੇ ਆਗੂਆਂ ਨੂੰ ਪ੍ਰੇਰਿਤ ਕਰਨ, ਉਤਸ਼ਾਹਿਤ ਕਰਨ ਅਤੇ ਓਹਨਾਂ ਦੇ ਸ਼ਕਤੀਕਰਨ ਲਈ ਤਿਆਰ ਕੀਤੀਆਂ ਗਈਆਂ ਕਈ ਗਤੀਵਿਧੀਆਂ ਵਿੱਚ ਹਿੱਸਾ ਲੈ ਰਹੇ ਨੇ। ਇਹ ਤਿੰਨ ਦਿਨਾਂ ਸਮਾਗਮ ਸ਼ੁੱਕਰਵਾਰ ਨੂੰ ਸ਼ੁਰੂ ਹੋਇਆ, ਜੋ ਨੌਜਵਾਨਾਂ ਨੂੰ ਵਿਕਸਿਤ ਭਾਰਤ ਲਈ ਨਿਵੇਕਲੇ ਹੱਲ ਪੇਸ਼ ਕਰਨ ਲਈ ਇੱਕ ਵਿਲੱਖਣ ਮੰਚ ਪ੍ਰਦਾਨ ਕਰਦਾ ਏ। ਸਮਾਗਮ ਦੌਰਾਨ ਸ੍ਰੀ ਮੋਦੀ ਦੇਸ਼ ਭਰ ਦੇ ਤਿੰਨ ਹਜ਼ਾਰ ਨੌਜਵਾਨ ਆਗੂਆਂ ਨਾਲ ਗੱਲਬਾਤ ਕਰਨਗੇ। ਸ਼੍ਰੀ ਮੋਦੀ ਹਿੱਸਾ ਲੈਣ ਵਾਲਿਆਂ ਵੱਲੋਂ, ਦਸ ਵਿਸ਼ਿਆਂ 'ਤੇ ਲਿਖੇ ਵਧੀਆ ਲੇਖਾਂ ਦਾ ਸੰਗ੍ਰਹਿ ਵੀ ਜਾਰੀ ਕਰਨਗੇ।

---------------------------------------------------------------

ਨਸ਼ਾ ਮੁਕਤ ਭਾਰਤ ਅਭਿਆਨ (ਐੱਨਐੱਮਬੀਏ) ਦੀ ਰਫ਼ਤਾਰ ਵਧਾਉਣ

ਅਤੇ ਨਸ਼ਾ ਮੁਕਤ ਭਾਰਤ ਵੱਲ ਅੱਗੇ ਵਧਣ ਲਈ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਵਿਭਾਗ, ਭਾਰਤ ਸਰਕਾਰ ਨੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ । ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਪੁੱਜੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਨੂੰ ਸਫਲ ਬਣਾਉਣ ਲਈ ਇੱਕਜੁੱਟ ਹੋ ਕੇ ਅੰਦੋਲਨ ਨੂੰ ਲੋਕ ਕ੍ਰਾਂਤੀ ਦਾ ਰੂਪ ਦੇਣ ਦੀ ਲੋੜ ਏ । ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਇਸ ਅਭਿਆਨ ਨੂੰ ਪੂਰੀ ਊਰਜਾ ਨਾਲ ਅੱਗੇ ਲੈ ਕੇ ਜਾਵੇਗਾ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਡਾ: ਵੀਰੇਂਦਰ ਕੁਮਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਸ਼ਿਆਂ ਦੀ ਅਲਾਮਤ ਵਿਰੁੱਧ ਮਿਸ਼ਨਰੀ ਲੜਾਈ ਲੜਨ ਦਾ ਸੱਦਾ ਦਿੱਤਾਏ । ਉਨ੍ਹਾਂ ਸਮਾਗਮ ਵਿੱਚ ਨੌਜਵਾਨਾਂ ਦਾ ਆਤਮ-ਵਿਸ਼ਵਾਸ ਅਤੇ ਉਤਸ਼ਾਹ ਦੇਖ ਕੇ ਖੁਸ਼ੀ ਜ਼ਾਹਰ ਕੀਤੀ । ਇਸ ਮੌਕੇ ਨੀਤੀ ਆਯੋਗ ਦੇ ਮੈਂਬਰ ਡਾ. ਵੀ. ਕੇ. ਪਾਲ ਨੇ ਸਾਰੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦੀ ਵਰਤੋਂ ਨਾ

ਕਰਨ ਦਾ ਪ੍ਰਣ ਲੈਣ ਅਤੇ ਆਪਣੇ ਦੋਸਤਾਂ ਨੂੰ ਨਸ਼ਿਆਂ ਤੋਂ ਰੋਕਣ ਲਈ ਯਤਨ ਕਰਨ । ਕੇਂਦਰੀ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਸਰਕਾਰ ਨੂੰ ਇਸ ਮੁੱਦੇ 'ਤੇ ਵਧੇਰੇ ਧਿਆਨ ਦੇਣ ਦੀ ਬੇਨਤੀ ਕੀਤੀ।

---------------------------------------------------------------

ਸੀਮਾ ਸੁਰੱਖਿਆ ਬਲ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਖੇਤਰ ਵਿੱਚ ਸ਼ੱਕੀ ਹੈਰੋਇਨ ਦੇ ਇੱਕ ਪੈਕੇਟ ਸਮੇਤ ਇੱਕ ਡਰੋਨ ਬਰਾਮਦ ਕੀਤਾ ਏ। ਸਰਹੱਦ ਤੇ ਚੌਕਸ ਜਵਾਨਾਂ ਨੇ ਕਲ ਅੰਮ੍ਰਿਤਸਰ ਦੇ ਪਿੰਡ ਮੁੱਲਾਕੋਟ ਦੇ ਨਾਲ ਲੱਗਦੇ ਖੇਤ ਇਕ D J I Mavic 3 ਕਲਾਸਿਕ ਡਰੋਨ ਦੇ ਨਾਲ 650 ਗਰਾਮ ਵਜ਼ਨੀ ਸ਼ੱਕੀ ਹੈਰੋਇਨ ਦਾ ਪੈਕੇਟ ਬਰਾਮਦ ਕੀਤਾ ਏ।

---------------------------------------------------------------

ਪੱਛਮੀ ਗੜਬੜੀ ਸਰਗਰਮ ਰੋਣ ਕਾਰਨ ਪੰਜਾਬ ਦੇ ਕਈ ਇਲਾਕਿਆਂ ‘ਚ ਬੀਤੀ ਰਾਤ ਤੋਂ ਹੀ ਗਰਜ ਨਾਲ ਰੁਕ-ਰੁਕ ਕੇ ਮੀਂਹ ਪੈ ਰਿਹਾ ਏ। ਅੱਜ ਮੌਸਮ ਵਿਭਾਗ ਨੇ ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਵਿੱਚ ਕੁਝ ਥਾਵਾਂ ’ਤੇ ਮੀਂਹ

ਪੈਣ ਦੀ ਪੇਸ਼ੀਨਗੋਈ ਕੀਤੀ ਏ। ਪਹਾੜਾਂ ’ਤੇ ਹੋ ਰਹੀ ਬਰਫਵਾਰੀ ਕਾਰਨ ਪੰਜਾਬ ‘ਚ ਠੰਢ ਵਧ ਗਈ ਏ। ਮੌਸਮ ਵਿਭਾਗ ਵੱਲੋਂ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਸੰਘਣੀ ਧੁੰਦ ਅਤੇ ਕੋਹਰੇ ਦਾ ਯੈਲੋ ਅਲਰਟ ਜਾਰੀ ਕੀਤਾ ਏ ਅਤੇ ਮੋਹਾਲੀ , ਪਟਿਆਲਾ ਸਮੇਤ 10 ਜ਼ਿਲਿਆਂ ਵਿੱਚ ਧੁੰਦ ਦਾ ਯੈਲੋ ਅਲਰਟ ਜਾਰੀ ਕੀਤਾ ਏ। ਮੌਸਮ ਵਿਭਾਗ ਨੇ 16 ਜਨਵਰੀ ਤੋਂ ਮੌਸਮ ਸਾਫ ਹੋਣ ਦੀ ਸੰਭਾਵਨਾ ਜਤਾਈ ਏ। ਪਿਛਲੇ 24 ਘੰਟਿਆਂ ਵਿੱਚ ਤਿੰਨ ਜ਼ਿਲ੍ਹਿਆਂ ਵਿੱਚ ਮੀਂਹ ਦਰਜ ਕੀਤਾ ਗਿਆ ਏ। ਫਰੀਦਕੋਟ ਵਿੱਚ ਸਭ ਤੋਂ ਵੱਧ 10.0 ਮਿਲੀਮੀਟਰ ਮੀਂਹ ਪਿਆ ਏ ਜਦਕਿ ਫਾਜ਼ਿਲਕਾ ਵਿੱਚ 6.0 ਮਿਲੀਮੀਟਰ ਅਤੇ ਫ਼ਿਰੋਜ਼ਪੁਰ ਵਿੱਚ 1.0 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ ਏ।